# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :10-07-2026**

***<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਨਿਊਜ਼ੀਲੈਂਡ ਦੇ ਦੋ ਦਿਨਾਂ ਦੌਰੇ ਤਹਿਤ ਆਕਲੈਂਡ ਪਹੁੰਚੇ- ਵਪਾਰ, ਨਿਵੇਸ਼, ਸਿੱਖਿਆ, ਤਕਨਾਲੋਜੀ ਅਤੇ ਆਪਸੀ ਸਬੰਧਾਂ ਵਿੱਚ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਚਰਚਾ ਕਰਨ ਦੀ ਉਮੀਦ।

- ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਵਿੱਚ ਵੱਖ ਵੱਖ-ਥਾਵਾਂ 'ਤੇ ਬੂਟੇ ਲਾ ਕੇ ਵਣ ਮਹੋਤਸਵ-2026 ਦੀ ਸ਼ੁਰੂਆਤ ਕੀਤੀ।

- ਪੰਜਾਬ ਵਿਚ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ-SIR ਪ੍ਰਕਿਰਿਆ ਲਈ, ਸੂਬੇ ਭਰ ਦੇ ਸਾਰੇ ਪੋਲਿੰਗ ਬੂਥਾਂ 'ਤੇ ਕੱਲ ਤੋਂ ਦੋ ਦਿਨਾਂ ਵਿਸ਼ੇਸ਼ ਕੈਂਪ ਲਗਾਇਆ ਜਾਵੇਗਾ।

- ਸੋਸ਼ਲ ਮੀਡੀਆ ਪਲੇਟਫਾਰਮ ਵਟਸਐਪ ਨੇ ਯੂਜ਼ਰਨੇਮ ਫੀਚਰ ਨੂੰ ਲਾਗੂ ਕਰਨ ਸੰਬੰਧੀ ਸਰਕਾਰ ਨੂੰ ਆਪਣਾ ਜਵਾਬ ਸੌਂਪਿਆ।

- ਮੌਸਮ ਵਿਭਾਗ ਵਲੋਂ ਅਗਲੇ 3 ਤੋਂ 4 ਦਿਨਾਂ ਵਿੱਚ ਹਰਿਆਣਾ, ਚੰਡੀਗੜ੍ਹ ਤੇ ਹਿਮਾਚਲ ਪ੍ਰਦੇਸ਼ ਵਿੱਚ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ।

## ***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਨਿਊਜ਼ੀਲੈਂਡ ਦੇ ਆਪਣੇ ਇਤਿਹਾਸਕ ਦੋ ਦਿਨਾਂ ਦੌਰੇ ਦੀ ਸ਼ੁਰੂਆਤ ਕਰਦੇ ਹੋਏ ਆਕਲੈਂਡ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਇਹ ਕਿਸੇ ਭਾਰਤੀ ਪ੍ਰਧਾਨ ਮੰਤਰੀ ਦਾ ਲਗਭਗ ਚਾਰ ਦਹਾਕਿਆਂ ਵਿੱਚ ਨਿਊਜ਼ੀਲੈਂਡ ਦਾ ਪਹਿਲਾ ਦੌਰਾ ਏ। ਆਕਲੈਂਡ ਪਹੁੰਚਣ 'ਤੇ, ਨਿਊਜ਼ੀਲੈਂਡ ਦੇ ਪ੍ਰਧਾਨ ਮੰਤਰੀ ਕ੍ਰਿਸਟੋਫਰ ਲਕਸਨ ਨੇ ਹਵਾਈ ਅੱਡੇ 'ਤੇ ਪ੍ਰਧਾਨ ਮੰਤਰੀ ਦਾ ਸਵਾਗਤ ਕੀਤਾ। ਭਾਰਤੀ

ਭਾਈਚਾਰੇ ਦੇ ਵੱਡੀ ਗਿਣਤੀ ਵਿੱਚ ਮੈਂਬਰ ਉਨ੍ਹਾਂ ਦੇ ਸਵਾਗਤ ਲਈ ਇਕੱਠੇ ਹੋਏ ਸਨ। ਯਾਤਰਾ ਦੌਰਾਨ, ਦੋਵਾਂ ਨੇਤਾਵਾਂ ਦੇ ਵਪਾਰ, ਨਿਵੇਸ਼, ਸਿੱਖਿਆ, ਤਕਨਾਲੋਜੀ ਅਤੇ ਆਪਸੀ ਸਬੰਧਾਂ ਵਿੱਚ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਚਰਚਾ ਕਰਨ ਦੀ ਉਮੀਦ ਏ।

---------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਭਰ ਵਿੱਚ ਕਈ ਥਾਵਾਂ 'ਤੇ ਬੂਟੇ ਲਗਾਉਣ ਦੇ ਪ੍ਰੋਗਰਾਮਾਂ ਦੀ ਇੱਕ ਲੜੀ ਵਿੱਚ ਹਿੱਸਾ ਲੈ ਕੇ ਵਣ ਮਹੋਤਸਵ-2026 ਦੀ ਸ਼ੁਰੂਆਤ ਕੀਤੀ। ਪ੍ਰਸ਼ਾਸਕ ਨੇ ਡੱਡੂ ਮਾਜਰਾ ਡੰਪਿੰਗ ਗਰਾਊਂਡ ਵਿਖੇ ਬੂਟੇ ਲਗਾਉਣ ਦੀ ਮੁਹਿੰਮ ਦਾ ਰਸਮੀ ਉਦਘਾਟਨ ਕੀਤਾ, ਜਿੱਥੇ ਉਨ੍ਹਾਂ ਨੇ ਜੰਗਲਾਤ ਅਤੇ ਜੰਗਲੀ ਜੀਵ ਵਿਭਾਗ ਦੀ ਹਰਿਆਲੀ ਚੰਡੀਗੜ੍ਹ ਕਾਰਜ ਯੋਜਨਾ ਬਾਰੇ ਕਿਤਾਬਚਾ ਜਾਰੀ ਕੀਤਾ। ਉਨ੍ਹਾਂ ਨੇ ਨਾਗਰਿਕਾਂ ਵਿੱਚ ਵੱਖ-ਵੱਖ ਕਿਸਮਾਂ ਦੇ ਬੂਟੇ ਵੰਡਣ ਲਈ 'ਵਨ ਵਿਭਾਗ ਆਪਕੇ ਦੁਆਰ' ਪਹਿਲਕਦਮੀ ਤਹਿਤ ਤਿੰਨ ਵਾਹਨਾਂ ਨੂੰ ਵੀ ਰਵਾਨਾ ਕੀਤਾ। ਪ੍ਰਸ਼ਾਸਕ ਨੇ ਮੇਅਰ ਸੌਰਭ ਜੋਸ਼ੀ ਅਤੇ ਚੰਡੀਗੜ੍ਹ ਨਗਰ ਨਿਗਮ ਦੀ ਵਿਗਿਆਨਕ ਪੌਦੇ ਲਗਾਉਣ ਦੀ ਕਾਰਜ ਯੋਜਨਾ ਤਿਆਰ ਕਰਨ ਲਈ ਸ਼ਲਾਘਾ ਕੀਤੀ ਅਤੇ ਵਣ ਮਹੋਤਸਵ ਮੁਹਿੰਮ ਨੂੰ ਸਫਲ ਬਣਾਉਣ ਲਈ ਸਰਕਾਰੀ ਵਿਭਾਗਾਂ, NSS ਵਲੰਟੀਅਰਾਂ,

ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨਾਂ, ਸਵੈ-ਇੱਛੁਕ ਸੰਗਠਨਾਂ ਅਤੇ ਨਾਗਰਿਕਾਂ ਦੇ ਸਮੂਹਿਕ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਭਰੋਸਾ ਪ੍ਰਗਟਾਇਆ ਕੀਤਾ ਕਿ ਚੰਡੀਗੜ੍ਹ ਦੀਆਂ ਵਾਤਾਵਰਣ ਪਹਿਲਕਦਮੀਆਂ ਦੇਸ਼ ਭਰ ਵਿੱਚ ਇਸੇ ਤਰ੍ਹਾਂ ਦੇ ਯਤਨਾਂ ਨੂੰ ਪ੍ਰੇਰਿਤ ਕਰਨਗੀਆਂ। ਸ਼੍ਰੀ ਕਟਾਰੀਆ ਨੇ ਰਾਸ਼ਟਰੀ ਸਵੱਛ ਹਵਾ ਪ੍ਰੋਗਰਾਮ (N-CAP) ਅਧੀਨ ਤਾਇਨਾਤ 11 ਵਾਹਨਾਂ ਨੂੰ ਰਵਾਨਾ ਕੀਤਾ, ਜਿਨ੍ਹਾਂ ਵਿੱਚ ਪਾਣੀ ਦੇ ਛਿੜਕਾਅ, ਜੈਟਿੰਗ ਮਸ਼ੀਨਾਂ ਅਤੇ ਪ੍ਰਭਾਵਸ਼ਾਲੀ ਹਵਾ ਗੁਣਵੱਤਾ ਪ੍ਰਬੰਧਨ ਲਈ ਹੋਰ ਉਪਕਰਣ ਸ਼ਾਮਲ ਹਨ। ਚੰਡੀਗੜ੍ਹ ਦੇ ਮੇਅਰ, ਸੌਰਭ ਜੋਸ਼ੀ ਨੇ ਵੀ ਵੱਖ-ਵੱਖ ਵਿਭਾਗਾਂ ਦੇ ਹੋਰ ਸੀਨੀਅਰ ਅਧਿਕਾਰੀਆਂ ਦੇ ਨਾਲ ਇਸ ਮੁਹਿੰਮ ਵਿੱਚ ਹਿੱਸਾ ਲਿਆ।

---

ਪੰਜਾਬ ਭਰ ਵਿੱਚ ਚੱਲ ਰਹੀ ਵਿਸ਼ੇਸ਼ ਤੀਬਰ ਸੋਧ-SIR ਤਹਿਤ ਘਰ-ਘਰ ਜਾ ਕੇ ਗਣਨਾ ਫ਼ਾਰਮ ਭਰਨ ਕਾਰਵਾਈ ਪ੍ਰਗਤੀ ਅਧੀਨ ਏ ਅਤੇ ਇਹ ਕਾਰਜ 24 ਜੁਲਾਈ ਤੱਕ ਜਾਰੀ ਰਹੇਗਾ। ਇਸ ਪ੍ਰਕਿਰਿਆ ਨੂੰ ਹੋਰ ਸੁਚਾਰੂ ਬਣਾਉਣ ਲਈ ਕੱਲ 11 ਜੁਲਾਈ ਅਤੇ 12 ਜੁਲਾਈ ਐਤਵਾਰ ਨੂੰ ਸਵੇਰੇ 8 ਵਜੇ ਤੋਂ ਦੁਪਹਿਰ 3 ਵਜੇ ਤੱਕ ਸੂਬੇ ਭਰ ਦੇ ਸਾਰੇ ਪੋਲਿੰਗ ਬੂਥਾਂ 'ਤੇ ਦੋ ਦਿਨਾਂ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਏ ਜਿਸ ਨਾਲ ਵੋਟਰ ਆਪਣੇ ਗਣਨਾ ਫਾਰਮ ਭਰ ਸਕਦੇ ਨੇ ਅਤੇ ਜਮ੍ਹਾਂ ਕਰਵਾ ਸਕਦੇ

ਹਨ। ਪੰਜਾਬ ਦੇ ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ ਨੇ ਸੂਬੇ ਦੇ ਵੋਟਰਾਂ ਨੂੰ ਇਨ੍ਹਾਂ ਕੈਂਪਾਂ ਵਿਚ ਸਰਗਰਮੀ ਨਾਲ ਹਿਸਾ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਨੇ ਅਜੇ ਤੱਕ ਆਪਣਾ ਗਣਨਾ ਫਾਰਮ ਨਹੀਂ ਭਰਿਆ  ਤਾਂ ਤੁਰੰਤ ਆਪਣੇ ਬੂਥ ਲੈਵਲ ਅਫਸਰ  ਨਾਲ ਸੰਪਰਕ ਕੀਤਾ ਜਾਵੇ ਜਾਂ ਇਸ ਵਿਸ਼ੇਸ਼ ਕੈਂਪ ਦੌਰਾਨ ਆਪਣੇ ਨਜ਼ਦੀਕੀ ਪੋਲਿੰਗ ਬੂਥ 'ਤੇ ਜਾਣ ਲਈ ਕਿਹਾ । 3 ਅਗਸਤ ਨੂੰ ਪ੍ਰਕਾਸ਼ਿਤ ਹੋਣ ਵਾਲੀ ਖਰੜਾ ਵੋਟਰ ਸੂਚੀ ਵਿੱਚ ਹਰੇਕ ਯੋਗ ਵੋਟਰ ਦਾ ਸ਼ਾਮਲ ਹੋਣਾ ਯਕੀਨੀ ਬਣਾਉਣ ਲਈ ਨਾਗਰਿਕਾਂ ਦੀ ਸਰਗਰਮ ਜਨਤਕ ਭਾਗੀਦਾਰੀ ਬਹੁਤ ਜ਼ਰੂਰੀ ਏ । ਉਨ੍ਹਾਂ  ਕਿਹਾ ਕਿ ਬੂਥ ਲੈਵਲ ਅਫਸਰ ਇਸ ਪ੍ਰਕਿਰਿਆ ਵਿੱਚ ਵੋਟਰਾਂ ਦੀ ਸਹਾਇਤਾ ਵਾਸਤੇ ਸਾਰੇ ਨਿਰਧਾਰਤ ਪੋਲਿੰਗ ਬੂਥਾਂ 'ਤੇ ਮੌਜੂਦ ਰਹਿਣਗੇ।

---------------------------------------------------------------

ਸੋਸ਼ਲ ਮੀਡੀਆ ਪਲੇਟਫਾਰਮ ਵਟਸਐਪ ਨੇ ਯੂਜ਼ਰਨੇਮ ਫੀਚਰ ਨੂੰ ਲਾਗੂ ਕਰਨ ਸੰਬੰਧੀ ਸਰਕਾਰ ਨੂੰ ਆਪਣਾ ਜਵਾਬ ਸੌਂਪ ਦਿੱਤਾ ਏ । ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਦੇ ਸੂਤਰਾਂ ਨੇ ਕਿਹਾ ਕਿ ਮੈਟਾ  ਦੇ ਜਵਾਬ ਦੀ ਪੜਤਾਲ   ਕੀਤੀ ਜਾ ਰਹੀ ਏ । ਇਸ ਮਹੀਨੇ ਦੀ ਪਹਿਲੀ ਤਾਰੀਖ ਨੂੰ, ਸਰਕਾਰ ਨੇ ਭਾਰਤ ਵਿੱਚ ਵਟਸਐਪ 'ਤੇ ਯੂਜ਼ਰਨੇਮ ਫੀਚਰ ਨੂੰ ਲਾਗੂ ਕਰਨ ਸੰਬੰਧੀ ਮੈਟਾ ਨੂੰ ਇੱਕ ਨੋਟਿਸ

ਜਾਰੀ ਕੀਤਾ। ਸੂਤਰਾਂ ਨੇ ਕਿਹਾ ਕਿ ਮੰਤਰਾਲੇ ਨੇ ਮੈਟਾ ਨੂੰ ਇਸ ਫੀਚਰ ਬਾਰੇ ਵੇਰਵੇ ਸਮੇਤ ਸਪੱਸ਼ਟੀਕਰਨ ਦੇਣ ਦਾ ਨਿਰਦੇਸ਼ ਦਿੱਤਾ। ਮੰਤਰਾਲੇ ਨੇ ਮੈਟਾ ਨੂੰ ਇਸ ਮਾਮਲੇ 'ਤੇ ਸਲਾਹ-ਮਸ਼ਵਰਾ ਪੂਰਾ ਹੋਣ ਤੱਕ ਯੂਜ਼ਰਨੇਮ ਫੀਚਰ ਨੂੰ ਲਾਗੂ ਨਾ ਕਰਨ ਦਾ ਵੀ ਨਿਰਦੇਸ਼ ਦਿੱਤਾ।

---------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਪਾਕਿਸਤਾਨ ਨਾਲ ਜੁੜੇ ਇੱਕ ਅੰਤਰ-ਰਾਸ਼ਟਰੀ ਡਰੱਗ ਕਾਰਟਲ ਦਾ ਪਰਦਾਫਾਸ਼ ਦੋ ਮੁਲਜ਼ਮਾਂ ਨੂੰ 8 ਕਿਲੋ ਤੋਂ ਵੱਧ ਹੈਰੋਇਨ ਅਤੇ 2 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਗਿਰਫ਼ਤਾਰ ਕੀਤਾ ਏ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਇਹ ਕਾਰਵਾਈ ਇੰਟੈਲੀਜੈਂਸ ਅਧਾਰਿਤ ਆਪ੍ਰੇਸ਼ਨ ਤਹਿਤ ਕੀਤੀ ਗਈ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਮੁੱਖ ਮੁਲਜ਼ਮ ਖਾਸਾ ਪਿੰਡ ਦਾ ਲਵਪ੍ਰੀਤ ਸਿੰਘ 28 ਸਾਲਾ ਬੀ.ਏ. ਪਾਸ ਨੌਜਵਾਨ ਏ ਜਿਸ ਖ਼ਿਲਾਫ਼ ਪਹਿਲਾਂ ਕੋਈ ਅਪਰਾਧਿਕ ਮਾਮਲਾ ਦਰਜ ਨਹੀਂ ਸੀ। ਉਨ੍ਹਾਂ ਕਿਹਾ ਕਿ ਬੇਰੁਜ਼ਗਾਰੀ ਅਤੇ ਰਾਤੋ-ਰਾਤ ਅਮੀਰ ਬਣਨ ਦੀ ਸੋਚ ਕਾਰਨ ਕਈ ਨੌਜਵਾਨ ਨਸ਼ਾ ਤਸਕਰਾਂ ਦੇ ਜਾਲ ਵਿੱਚ ਫਸ ਰਹੇ ਹਨ। ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਮਾਪਿਆਂ ਅਤੇ ਸਮਾਜ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੀ

ਸਹੀ ਕਾਊਂਸਲਿੰਗ ਕਰਨ ਤਾਂ ਜੋ ਉਹ ਨਸ਼ਾ ਤਸਕਰਾਂ ਦੇ ਝਾਂਸੇ ਵਿੱਚ ਨਾ ਆਉਣ।

BYTE

ਜਾਂਚ ਦੌਰਾਨ ਸਾਹਮਣੇ ਆਇਆ ਏ ਕਿ ਪਾਕਿਸਤਾਨ ਅਧਾਰਿਤ ਤਸਕਰ ਡਰੋਨਾਂ ਰਾਹੀਂ ਭਾਰਤੀ ਸਰਹੱਦ ਅੰਦਰ ਪਹਿਲਾਂ ਤੋਂ ਤੈਅ ਕੀਤੀਆਂ ਥਾਵਾਂ 'ਤੇ ਹੈਰੋਇਨ ਸੁੱਟਦੇ ਸਨ, ਜਿੱਥੋਂ ਸਥਾਨਕ ਨੌਜਵਾਨ ਇਸ ਨੂੰ ਚੁੱਕ ਕੇ ਅੱਗੇ ਸਪਲਾਈ ਕਰਦੇ ਸਨ। ਪੁਲਿਸ ਨੇ ਕਿਹਾ ਕਿ ਇਸ ਗਿਰੋਹ ਨਾਲ ਜੁੜੇ ਹੋਰ ਕਈ ਲੋਕਾਂ ਦੀ ਪਛਾਣ ਹੋ ਚੁੱਕੀ ਏ ਅਤੇ ਉਨ੍ਹਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਏ।

---------------------------------------------------

ਮਾਨਸਾ ਪੁਲੀਸ ਨੇ 'ਅਪਰੇਸ਼ਨ ਪ੍ਰਹਾਰ-3' ਤਹਿਤ ਕਾਰਵਾਈ ਕਰਦੇ ਹੋਏ 200 ਤੋਂ ਵੱਧ ਨਸ਼ਾ ਤਸ਼ਰਕਾਂ ਨੂੰ ਕਾਬੂ ਕੀਤਾ ਏ। ਸੀਨੀਅਰ ਕਪਤਾਨ ਪੁਲੀਸ ਭਾਗੀਰਥ ਸਿੰਘ ਮੀਨਾ ਨੇ ਦੱਸਿਆ ਕਿ ਪੁਲੀਸ ਨੇ 79 ਗ੍ਰਾਮ ਹੈਰੋਇਨ, 160 ਨਸ਼ੀਲੀਆਂ ਗੋਲੀਆਂ, 252 ਨਸ਼ੀਲੇ ਕੈਪਸਲੂਸ, 430 ਲੀਟਰ ਲਾਹਣ, 18 ਬੋਤਲਾਂ ਸ਼ਰਾਬ, 5 ਵਾਹਨ ਬਰਾਮਦ ਕੀਤੇ ਨੇ। ਇਸ ਅਪਰੇਸ਼ਨ ਦੌਰਾਨ ਜ਼ਿਲ੍ਹੇ ਅੰਦਰ ਵੱਖ-ਵੱਖ ਮਾਮਲਿਆਂ ਵਿੱਚ ਲੋੜੀਂਦੇ ਅਪਰਾਧੀਆਂ ਤੇ ਨਸ਼ਾ ਦੀ ਸਪਲਾਈ ਕਰਨ ਵਾਲੇ, ਭਗੌੜਿਆਂ ਅਤੇ ਹੋਰ ਅਪਰਾਧਾਂ ਨੂੰ ਅੰਜ਼ਾਮ ਦੇਣ ਵਾਲੇ ਵਿਅਕਤੀਆਂ ਦੇ ਟਿਕਾਣਿਆਂ

’ਤੇ ਛਾਪੇਮਾਰੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਪੁਲੀਸ ਵੱਲੋਂ ਇਸ ਅਪਰੇਸ਼ਨ ਤਹਿਤ ਮਾਨਸਾ ਕੈਂਚੀਆਂ ਸਮੇਤ ਹੋਰ ਵੱਖ-ਵੱਖ ਥਾਂ ’ਤੇ ਨਾਕਾਬੰਦੀ ਕਰਕੇ ਚੈਕਿੰਗ ਕੀਤੀ ਗਈ, ਜਿਸ ਦੌਰਾਨ ਸ਼ੱਕੀ ਵਿਅਕਤੀਆਂ ਅਤੇ ਵਹਾਨਾਂ ਦੀ ਤਲਾਸ਼ੀ ਲਈ ਗਈ। ਉਨ੍ਹਾਂ ਕਿਹਾ ਕਿ ਨਸ਼ੇ ਖਿਲਾਫ਼ ਪੁਲੀਸ ਕਾਰਵਾਈ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਜਾਰੀ ਰਹੇਗੀ।

---

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਦਸਤਾਵੇਜ਼ੀ ਪ੍ਰੋਗਰਾਮ ਤਹਿਤ ਬੀਤੇ ਦਿਨੀ ਜਲੰਧਰ ਦੇ ਪਿੰਡ ਬੁਲੰਦਪੁਰ, ਰੰਧਾਵਾ ਮਸੰਦਾ, ਭੋਡੀਪੁਰ, ਰਾਏਵਾਲ, ਰਾਮਨਗਰ ਅਤੇ ਸੱਤੋਵਾਲੀ ਵਿਖੇ ਗੁਰੂ ਜੀ ਦੇ ਜੀਵਨ, ਫ਼ਲਸਫੇ ਅਤੇ ਸਿੱਖਿਆਵਾਂ ’ਤੇ ਆਧਾਰਿਤ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਈ ਗਈ। ਪਿੰਡ ਬੁਲੰਦਪੁਰ ਤੇ ਰੰਧਾਵਾ ਮਸੰਦਾ ਵਿਖੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕਰਦਿਆਂ ਕਰਤਾਰਪੁਰ ਹਲਕਾ ਵਿਧਾਇਕ ਬਲਕਾਰ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਵਿਸ਼ੇਸ਼ ਤੌਰ ’ਤੇ ਤਿਆਰ ਵੈਨਾਂ ’ਤੇ ਐਲ.ਈ.ਡੀ. ਸਕਰੀਨਾਂ ਰਾਹੀਂ ਸੂਬੇ ਭਰ ਦੇ ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਤੇ ਫ਼ਲਸਫੇ ’ਤੇ ਆਧਾਰਿਤ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਏ । ਉਨ੍ਹਾਂ ਦੱਸਿਆ ਕਿ ਇਸ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ

ਦੀਆਂ ਮਹਾਨ ਸਿੱਖਿਆਵਾਂ, ਸਮਾਜਿਕ ਬਰਾਬਰੀ, ਸਦਭਾਵਨਾ ਅਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ ਏ। ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਦੇ ਪਿੰਡਾਂ ਲਈ ਅਜਿਹੀਆਂ 3 ਵੈਨਾਂ ਮੁਹੱਈਆ ਕਰਵਾਈਆਂ ਗਈਆਂ ਹਨ ਅਤੇ ਹਰੇਕ ਵੈਨ ਰਾਹੀਂ ਰੋਜ਼ਾਨਾ ਦੋ ਪਿੰਡਾਂ ਵਿੱਚ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਏ। ਉਨ੍ਹਾਂ ਦੱਸਿਆ ਕਿ ਕਰਤਾਰਪੁਰ ਇਲਾਕੇ ਵਿੱਚ ਵੀ ਰੋਜ਼ਾਨਾ ਦੋ ਪਿੰਡਾਂ ਵਿੱਚ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਜਾ ਰਿਹਾ ਏ।

----------------------------------------------------------

ਸਮਾਣਾ, ਵਿਖੇ ਪੀ.ਐੱਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਚ "ਬਿਜਲੀ ਦੀ ਬੱਚਤ ਕਿਉਂ ਤੇ ਕਿਵੇਂ ਕਰੀਏ" ਵਿਸ਼ੇ ਉੱਤੇ ਜਾਗਰੂਕਤਾ ਪ੍ਰੋਗਰਾਮ ਕਰਵਾਕੇ ਵਿਦਿਆਰਥੀਆਂ ਨੂੰ ਊਰਜਾ ਬੱਚਤ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਟਿਡ ਦੇ ਅਧਿਕਾਰੀਆਂ ਨੇ ਹਿੱਸਾ ਲਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਬਿਜਲੀ ਦੀ ਸੰਜਮ ਨਾਲ ਵਰਤੋਂ ਕਰਨ ਲਈ ਵੱਖ-ਵੱਖ ਵਿਧੀਆਂ ਅਤੇ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ । ਵਿਦਿਆਰਥੀਆਂ ਨੇ ਇਨ੍ਹਾਂ ਤਰੀਕਿਆਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਣਾਉਣ ਦਾ ਪ੍ਰਣ ਕੀਤਾ।

ਇਸ ਸਮਾਗਮ ਦੌਰਾਣ ਵਿਦਿਆਰਥੀਆਂ ਵੱਲੋਂ ਊਰਜਾ ਸੰਜਮਤਾ ਵਿਸ਼ੇ ਉੱਤੇ ਪੇਪਰ ਪੜ੍ਹੇ ਗਏ ਅਤੇ ਵਿਦਿਆਰਥੀਆਂ ਵੱਲੋਂ ਊਰਜਾ ਬੱਚਤ ਉੱਤੇ ਪੇਂਟਿੰਗਾਂ ਵੀ ਬਣਾਈਆਂ ਗਈਆਂ ।

-----------------------------------------------------------

ਮੌਸਮ ਵਿਭਾਗ ਨੇ ਅੱਜ ਉੱਤਰਾਖੰਡ ਵਿੱਚ ਭਾਰੀ ਮੀਂਹ ਦੀ ਚੇਤਾਵਨੀ ਜਾਰੀ ਕੀਤੀ ਏ । ਅਗਲੇ 3-4 ਦਿਨਾਂ ਵਿੱਚ ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼ ਤੇ ਦਿੱਲੀ ਵਿੱਚ ਭਾਰੀ ਮੀਂਹ ਪੈਣ ਦੀ ਸੰਭਾਵਨਾ ਏ । ਓਧਰ ਹਿਮਾਚਲ ਪ੍ਰਦੇਸ਼ ਦੇ ਕਈ ਹਿੱਸਿਆਂ ਵਿੱਚ ਲਗਾਤਾਰ ਮੀਂਹ ਪੈ ਰਿਹਾ ਏ । ਮੌਸਮ ਵਿਭਾਗ ਨੇ ਪੰਜ ਜ਼ਿਲ੍ਹਿਆਂ- ਕਾਂਗੜਾ, ਮੰਡੀ, ਸ਼ਿਮਲਾ, ਸੋਲਨ ਅਤੇ ਸਿਰਮੌਰ ਵਿੱਚ ਕੁਝ ਥਾਵਾਂ 'ਤੇ ਭਾਰੀ ਮੀਂਹ ਲਈ ਯੈਲੋ ਅਲਰਟ ਜਾਰੀ ਕੀਤਾ ਏ । ਸਿਰਮੌਰ ਅਤੇ ਸੋਲਨ ਜ਼ਿਲ੍ਹਿਆਂ ਦੇ ਸਾਰੇ ਵਿਦਿਅਕ ਅਦਾਰੇ ਅੱਜ ਬੰਦ ਕੀਤੇ ਗਏ ਨੇ । ਉੱਤਰਾਖੰਡ ਵਿੱਚ ਅੱਜ ਵੀ ਭਾਰੀ ਮੀਂਹ ਜਾਰੀ ਰਹਿਣ ਦੀ ਪੇਸ਼ੀਨਗੋਈ ਕੀਤੀ ਗਈ ਏ । ਮੌਸਮ ਵਿਭਾਗ ਨੇ ਕਈ ਜ਼ਿਲ੍ਹਿਆਂ ਲਈ ਭਾਰੀ ਮੀਂਹ ਦੀ ਚੇਤਾਵਨੀ ਜਾਰੀ ਕੀਤੀ ਏ ।

-----------------------------------------------------------

ਭਾਰਤ ਅਤੇ ਇੰਗਲੈਂਡ ਦੀਆਂ ਮਹਿਲਾ ਕ੍ਰਿਕਟ ਟੀਮਾਂ ਵਿਚਕਾਰ ਲਾਰਡਜ਼ ਮੈਦਾਨ ਵਿੱਚ ਖੇਡੇ ਜਾ ਰਹੇ ਇੱਕੋਂ-ਇੱਕ ਟੈਸਟ ਮੈਚ ਦੇ ਪਹਿਲੇ

ਦਿਨ ਦੇ ਪਹਿਲੇ ਸੈਸ਼ਨ ਵਿੱਚ, ਭਾਰਤ ਨੇ 25 ਓਵਰਾਂ ਵਿੱਚ ਤਿੰਨ ਵਿਕਟਾਂ ਦੇ ਨੁਕਸਾਨ 'ਤੇ 122 ਦੌੜਾਂ ਬਣਾ ਲਈਆਂ ਨੇ। ਸਮ੍ਰਿਤੀ ਮੰਧਾਨਾ 56 ਦੌੜਾਂ ਅਤੇ ਭਾਰਤੀ ਕਪਤਾਨ ਹਰਮਨਪ੍ਰੀਤ ਕੌਰ 14 ਦੌੜਾਂ ਬਣਾ ਕੇ ਕ੍ਰੀਜ਼ 'ਤੇ ਮੌਜੂਦ ਨੇ। ਦੁਪਹਿਰ ਦੇ ਭੋਜਨ ਤੋਂ ਅੱਗੇ ਦਾ ਖੇਡ, ਹਾਲੇ ਖੇਡਿਆ ਜਾਣਾ ਏ।

-----------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਜ਼ਿਲ੍ਹਾ ਲੁਧਿਆਣਾ ਚ ਸਬ- ਰਜਿਸਟਰਾਰ ਮਲੌਦ ਵਿਖੇ ਤਾਇਨਾਤ ਪਟਵਾਰੀ ਗੁਰਜੀਤ ਸਿੰਘ ਨੂੰ 3500 ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਏ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੂੰ ਜ਼ਿਲ੍ਹਾ ਲੁਧਿਆਣਾ ਦੇ ਪਿੰਡ ਧੌਲ ਖੁਰਦ ਵਲੋਂ ਨਿਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਏ। ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਦੇ ਪਲਾਟ ਦਾ ਵਿਰਾਸਤੀ ਇੰਤਕਾਲ ਸ਼ਿਕਾਇਤਕਰਤਾ ਅਤੇ ਉਸਦੇ ਛੇ ਭੈਣ-ਭਰਾਵਾਂ ਨੂੰ ਤਬਦੀਲ ਕੀਤਾ ਜਾਣਾ ਸੀ। ਮੁਲਜ਼ਮ ਨੇ ਦਸਤਾਵੇਜ਼ ਲੈ ਲਏ ਅਤੇ ਇੰਤਕਾਲ ਕਰਵਾਉਣ ਲਈ 5,000 ਰੁਪਏ ਰਿਸ਼ਵਤ ਦੀ ਮੰਗ ਕੀਤੀ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਨਿਊਜ਼ੀਲੈਂਡ ਦੇ ਦੋ ਦਿਨਾਂ ਦੌਰੇ ਤਹਿਤ ਆਕਲੈਂਡ ਪਹੁੰਚੇ- ਵਪਾਰ, ਨਿਵੇਸ਼, ਸਿੱਖਿਆ, ਤਕਨਾਲੋਜੀ ਅਤੇ ਆਪਸੀ ਸਬੰਧਾਂ ਵਿੱਚ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਚਰਚਾ ਕਰਨ ਦੀ ਉਮੀਦ ।

- ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਵਿੱਚ ਵੱਖ ਵੱਖ-ਥਾਵਾਂ 'ਤੇ ਬੂਟੇ ਲਾ ਕੇ ਵਣ ਮਹੋਤਸਵ-2026 ਦੀ ਸ਼ੁਰੂਆਤ ਕੀਤੀ।

- ਪੰਜਾਬ ਵਿਚ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ-SIR ਪ੍ਰਕਿਰਿਆ ਲਈ, ਸੂਬੇ ਭਰ ਦੇ ਸਾਰੇ ਪੋਲਿੰਗ ਬੂਥਾਂ 'ਤੇ ਕੱਲ ਤੋਂ ਦੋ ਦਿਨਾਂ ਵਿਸ਼ੇਸ਼ ਕੈਂਪ ਲਗਾਇਆ ਜਾਵੇਗਾ ।

- ਸੋਸ਼ਲ ਮੀਡੀਆ ਪਲੇਟਫਾਰਮ ਵਟਸਐਪ ਨੇ ਯੂਜ਼ਰਨੇਮ ਫੀਚਰ ਨੂੰ ਲਾਗੂ ਕਰਨ ਸੰਬੰਧੀ ਸਰਕਾਰ ਨੂੰ ਆਪਣਾ ਜਵਾਬ ਸੌਂਪਿਆ ।

- ਮੌਸਮ ਵਿਭਾਗ ਵਲੋਂ ਅਗਲੇ 3 ਤੋਂ 4 ਦਿਨਾਂ ਵਿੱਚ ਹਰਿਆਣਾ, ਚੰਡੀਗੜ੍ਹ ਤੇ ਹਿਮਾਚਲ ਪ੍ਰਦੇਸ਼ ਵਿੱਚ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ।

---------------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**